# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 21-09-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਕਿਹਾ- ਅਗਲੀ ਪੀੜ੍ਹੀ ਦੇ ਜੀ.ਐਸ.ਟੀ ਸੁਧਾਰ ਕੱਲ੍ਹ ਨਰਾਤਿਆਂ ਦੇ ਪਹਿਲੇ ਦਿਨ ਤੋਂ ਲਾਗੂ ਹੋਣਗੇ I
- ਪ੍ਰਧਾਨ ਮੰਤਰੀ ਨੇ ਸੂਖਮ ਲਘੁ ਤੇ ਦਰਮਿਆਨੇ ਉਦਯੋਗਾਂ ਨੂੰ, ਦੇਸ਼ ਦਾ ਮਾਣ ਵਧਾਉਣ ਲਈ ਵਧੀਆ ਗੁਣਵੱਤਾ ਵਾਲੇ ਉਤਪਾਦ ਤਿਆਰ ਕਰਨ ਦੀ ਕੀਤੀ ਅਪੀਲ ।
- 'ਸੇਵਾ ਪੰਦਰਵਾੜੇ' ਤਹਿਤ ਰੂਪਨਗਰ 'ਚ ਮੁਫਤ ਸਿਹਤ ਜਾਂਚ ਕੈਂਪ ਅਤੇ ਫਤਹਿਗੜ੍ਹ ਸਾਹਿਬ ਵਿਚ ਮੈਰਾਥਨ ਦਾ ਆਯੋਜਨ ।
- ਪਿਤ੍ਰ ਪੱਖ ਸ਼ਰਾਧ ਦੇ ਅੰਤ ਅਤੇ ਦੁਰਗਾ ਪੂਜਾ ਤਿਉਹਾਰਾਂ ਦੀ ਸ਼ੁਰੂਆਤ ਨੂੰ ਦਰਸਾਉਂਦਾ ਮਹਾਲਿਆ ਦਾ ਤਿਉਹਾਰ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮਨਾਇਆ ਜਾ ਰਿਹਾ ਏ ।

- ਅੰਮ੍ਰਿਤਸਰ ਪੁਲਿਸ ਨੇ ਲੋਕਾਂ ਨੂੰ ਆਨਲਾਈਨ ਮੋਬਾਈਲ ਵੇਚਣ ਵਾਲੇ ਇੱਕ ਫਰਜ਼ੀ ਕਾਲ ਸੈਂਟਰ ਦਾ ਪਰਦਾਫਾਸ਼ ਕਰਦਿਆਂ 80 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ I ਅਤੇ
- ਏਸ਼ੀਆ ਕੱਪ ਟਵੈਂਟੀ-ਟਵੈਂਟੀ ਕ੍ਰਿਕਟ ਟੂਰਨਾਮੈਂਟ ਦੇ Super-4 ਗੇੜ ਦੇ ਦੂਜੇ ਮੈਚ 'ਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ - ਮੈਚ ਰਾਤ 8 ਵਜੇ ਖੇਡਿਆ ਜਾਵੇਗਾ ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅਗਲੀ ਪੀੜ੍ਹੀ ਦੇ ਜੀ.ਐਸ.ਟੀ ਸੁਧਾਰ ਕੱਲ੍ਹ ਤੋਂ ਨਵਰਾਤਰੀ ਦੇ ਪਹਿਲੇ ਦਿਨ ਤੋਂ ਲਾਗੂ ਹੋਣਗੇ। ਅੱਜ ਸ਼ਾਮ ਨੂੰ ਰਾਸ਼ਟਰ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਜੀ.ਐਸ.ਟੀ ਬਚਤ ਉਤਸਵ ਕੱਲ੍ਹ ਤੋਂ ਸ਼ੁਰੂ ਹੋਵੇਗਾ ਅਤੇ ਲੋਕ ਆਪਣੀ ਪਸੰਦ ਦੀਆਂ ਚੀਜ਼ਾਂ ਘੱਟ ਕੀਮਤ 'ਤੇ ਖਰੀਦ ਸਕਦੇ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸੁਧਾਰਾਂ ਨਾਲ ਦੇਸ਼ ਦੀ ਵਿਕਾਸ ਕਹਾਣੀ ਬਦਲ ਜਾਵੇਗੀ ਅਤੇ ਨੌਜਵਾਨ, ਨਵ-ਮੱਧਮ ਵਰਗ, ਕਿਸਾਨ, ਔਰਤਾਂ ਅਤੇ ਉੱਦਮੀ ਇਸ ਬਚਤ ਉਤਸਵ ਤੋਂ ਬਹੁਤ ਲਾਭ ਪ੍ਰਾਪਤ ਕਰਨਗੇ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹਰ ਸੂਬਾ , ਦੇਸ਼ ਦੇ ਵਿਕਾਸ ਦੀ ਯਾਤਰਾ ਵਿੱਚ ਬਰਾਬਰ ਦਾ ਭਾਈਵਾਲ ਹੋਵੇਗਾ। ਉਨ੍ਹਾਂ ਨੇ ਰਾਸ਼ਟਰ ਨੂੰ ਅਗਲੀ ਪੀੜ੍ਹੀ

ਦੇ ਜੀ.ਐਸ.ਟੀ ਸੁਧਾਰਾਂ, ਬਚਤ ਉਤਸਵ ਅਤੇ ਨਵਰਾਤਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ।BYTE:

ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਟੈਕਸ ਪ੍ਰਣਾਲੀ ਨੂੰ ਸਰਲ ਬਣਾਇਆ ਏ । ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨੇ 2014 ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ ਰਾਜਾਂ ਅਤੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਜੀ.ਐਸ.ਟੀ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਿਆਂ ਦੇ ਯਤਨਾਂ ਤੋਂ ਬਾਅਦ ਦਰਜਨਾਂ ਟੈਕਸ ਹਟਾ ਦਿੱਤੇ ਗਏ ਸਨ। ਉਨ੍ਹਾਂ ਕਿਹਾ ਕਿ ਜ਼ਰੂਰੀ ਵਸਤੂਆਂ, ਦਵਾਈਆਂ, ਸਿਹਤ ਬੀਮਾ ਸਮੇਤ ਹੋਰ 5 ਫੀਸਦੀ ਟੈਕਸ ਦੇ ਦਾਇਰੇ ਵਿੱਚ ਆ ਗਏ ਹਨ। ਪ੍ਰਧਾਨ ਮੰਤਰੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਪਿਛਲੇ 12 ਸਾਲਾਂ ਵਿੱਚ, 25 ਕਰੋੜ ਲੋਕ ਗਰੀਬੀ ਤੋਂ ਬਾਹਰ ਆਏ ਹਨ। ਉਨ੍ਹਾਂ ਕਿਹਾ ਕਿ ਨਵ-ਮੱਧਮ ਵਰਗ ਦੀਆਂ ਆਪਣੀਆਂ ਇੱਛਾਵਾਂ ਹਨ ਅਤੇ ਉਨ੍ਹਾਂ ਦੇ ਟੈਕਸ ਬੋਝ ਨੂੰ ਘਟਾਉਣ ਲਈ ਸਰਕਾਰ ਦੁਆਰਾ ਚੁੱਕੇ ਗਏ ਕਦਮਾਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਨਾਲ, ਗਰੀਬਾਂ, ਨਵ-ਮੱਧਮ ਵਰਗ ਅਤੇ ਮੱਧ ਵਰਗ ਨੂੰ ਦੁਗਣਾ ਬੋਨਸ ਮਿਲਿਆ ਏ ਅਤੇ ਹੁਣ ਉਨ੍ਹਾਂ ਨੂੰ ਉਪਕਰਣਾਂ ਅਤੇ ਵਾਹਨਾਂ ਲਈ ਘੱਟ ਨਕਦ ਖਰਚ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਹੋਟਲ ਦੀਆਂ ਕੀਮਤਾਂ ਘਟਣ ਨਾਲ ਸੈਰ-ਸਪਾਟਾ ਵੀ ਆਰਥਿਕ ਹੋਵੇਗਾ।

BYTE:RNU210925B
ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ, ਨਾਗਰਿਕ ਦੇਵੋ ਭਵ ਦੇ ਮੰਤਰ ਨਾਲ ਅੱਗੇ ਵਧ ਰਹੀ ਏ । ਪ੍ਰਧਾਨ ਮੰਤਰੀ ਨੇ ਭਾਰਤ ਵਿੱਚ ਨਿਰਮਾਣ ਲਈ ਵੀ ਜ਼ੋਰਦਾਰ ਜ਼ੋਰ ਦਿੱਤਾ। ਉਨ੍ਹਾਂ ਨੇ ਸੂਖਮ ਲਘੂ ਤੇ ਦਰਮਿਆਨੇ ਉਦਯੋਗਾਂ ਨੂੰ, ਦੇਸ਼ ਦੇ ਮਾਣ ਦੀ ਗੱਲ ਕਰਦਿਆਂ ਵਧੀਆ ਗੁਣਵੱਤਾ ਵਾਲੇ ਉਤਪਾਦ ਤਿਆਰ ਕਰਨ ਦੀ ਅਪੀਲ ਕੀਤੀ ।

---------------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 75 ਵੇਂ ਜਨਮਦਿਨ ਨੂੰ 'ਸੇਵਾ ਪੰਦਰਵਾੜੇ' ਵਜੋਂ ਮਨਾਉਂਦਿਆਂ ਰੂਪਨਗਰ ਦੇ ਪਿੰਡ ਬਰਾਰੀ ਨੰਗਲ ਡੈਮ ਵਿਖੇ ਅੱਜ ਵੱਡੇ ਪੱਧਰ 'ਤੇ ਮੁਫਤ ਸਿਹਤ ਜਾਂਚ ਕੈਂਪ ਲਗਾਇਆ ਗਿਆ । ਇਹ ਕੈਂਪ ਐੱਨ ਆਈ ਡੀ ਫਾਊਂਡੇਸ਼ਨ ਅਤੇ ਇੰਡੀਅਨ ਮਾਈਨੋਰਟੀਜ਼ ਫਾਊਂਡੇਸ਼ਨ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਸਹਿਯੋਗ ਨਾਲ ਲਾਇਆ ਗਿਆ । ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਇਸ ਕੈਂਪ ਦਾ ਇਲਾਕੇ ਦੇ ਹਜ਼ਾਰਾਂ ਲੋਕਾਂ ਨੇ ਫਾਇਦਾ ਉਠਾਇਆ ਏ । BYTE:

ਓਧਰ ਰੋਪੜ ਅੱਡਾ ਬਸ ਸਟੈਂਡ ਏਕਤਾ ਦੀ ਦੌੜ ਪ੍ਰੋਗਰਾਮ ਤਹਿਤ ਰੋਟਰੀ ਕਲੱਬ ਫਤਿਹਗੜ੍ਹ ਸਾਹਿਬ ਗੋਲਡ ਦੇ ਸਹਿਯੋਗ ਨਾਲ ਮੈਰਾਥਨ ਦੌੜ ਕਰਵਾਈ ਗਈ । ਜਿਸ ਵਿੱਚ ਵੱਖ-ਵੱਖ ਕਾਲਜਾਂ ਸਕੂਲਾਂ ਸਮਾਜ

ਸੇਵੀ ਸੰਸਥਾਵਾਂ ਤੋਂ ਇਲਾਵਾ ਪਾਰਟੀ ਦੇ ਸਮੂਹ ਵਰਕਰਾਂ ਨੇ ਹਿੱਸਾ ਲਿਆ l ਮੈਰਾਥਨ ਵਿੱਚ 500 ਦੇ ਕਰੀਬ ਖਿਡਾਰੀਆਂ ਤੇ ਸ਼ਹਿਰ ਵਾਸੀਆਂ ਨੇ ਹਿੱਸਾ ਲਿਆ । 24 ਸਤੰਬਰ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਖੇ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ ਜਿਸ ਨਾਲ ਲੋੜਵੰਦਾਂ ਮਰੀਜ਼ਾਂ ਦੀ ਮਦਦ ਕੀਤੀ ਜਾ ਸਕੇ l

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 75ਵੇਂ ਜਨਮਦਿਨ ਨੂੰ ਮਨਾਉਣ ਲਈ, ਰਾਸ਼ਟਰੀ ਪੁਰਸਕਾਰ ਜੇਤੂ ਫਿਲਮ "ਚਲੋ ਜੀਤੇ ਹੈਂ" ਦੇਸ਼ ਭਰ ਦੇ ਲੱਖਾਂ ਸਕੂਲਾਂ ਅਤੇ ਲਗਭਗ 500 ਸਿਨੇਮਾਘਰਾਂ ਵਿੱਚ ਦਿਖਾਈ ਜਾ ਰਹੀ ਏ। ਇਸ ਬਾਰੇ ਜਲੰਧਰ ਤੋਂ ਲੋਕਾਂ ਨੇ ਕਿਹਾ l BYTE:RNU210925

---------------------------------------------------------------------------

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮਹਾਲਿਆ ਦਾ ਤਿਉਹਾਰ ਮਨਾਇਆ ਜਾ ਰਿਹਾ ਏ। ਮਹਾਲਿਆ ਪਿਤ੍ਰ ਪੱਖ ਸ਼ਰਾਧ ਦੇ ਅੰਤ ਅਤੇ ਦੁਰਗਾ ਪੂਜਾ ਤਿਉਹਾਰਾਂ ਦੀ ਸ਼ੁਰੂਆਤ ਨੂੰ ਦਰਸਾਉਂਦਾ ਏ। ਇਹ ਮੰਨਿਆ ਜਾਂਦਾ ਏ ਕਿ ਦੇਵੀ ਦੁਰਗਾ ਨੇ ਇਸ ਦਿਨ ਰਾਕਸ਼ਸ ਮਹਿਸ਼ਾਸੁਰ ਨੂੰ ਮਾਰਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ

ਮੰਤਰੀ ਅਮਿਤ ਸ਼ਾਹ ਨੇ ਮਹਾਲਿਆ ਦੇ ਸ਼ੁਭ ਮੌਕੇ 'ਤੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------------

ਪੰਜਾਬ ਦੇ  ਗੈਂਗਸਟਰ ਵਿਰੋਧੀ ਕਾਰਜ ਬਲ ਨੇ ਬਟਾਲਾ ਪੁਲਿਸ,ਕੇਂਦਰੀ ਏਜੰਸੀਆਂ ਅਤੇ ਨਾਗਾਲੈਂਡ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਦੋ ਦੋਸ਼ੀਆਂ ਹਰਮਨਪ੍ਰੀਤ ਸਿੰਘ ਉਰਫ ਹਰਮਨ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਨੂੰ ਕੋਹਿਮਾ ਤੋਂ ਗ੍ਰਿਫਤਾਰ ਕੀਤਾ ਏ। ਦੋਵੇਂ ਪਿੰਡ ਚੀਮਾ ਖੁਦੀ ਵਿਖੇ ਜੁਗਰਾਜ ਸਿੰਘ ਉਰਫ ਜੱਗਾ ਦੇ ਕਤਲ ਵਿੱਚ ਲੋੜੀਂਦੇ ਸਨ। ਨਾਗਾਲੈਂਡ ਦੀ ਸਮਰੱਥ ਅਦਾਲਤ ਤੋਂ ਟਰਾਂਜ਼ਿਟ ਰਿਮਾਂਡ ਪ੍ਰਾਪਤ ਕਰਨ ਤੋਂ ਬਾਅਦ ਦੋਸ਼ੀਆਂ ਨੂੰ ਪੰਜਾਬ ਲਿਆਂਦਾ ਜਾ ਰਿਹਾ ਏ।

---------------------------------------------------------------

ਅੰਮ੍ਰਿਤਸਰ ਪੁਲਿਸ ਨੇ ਲੋਕਾਂ ਨੂੰ ਆਨਲਾਈਨ ਮੋਬਾਈਲ ਵੇਚਣ ਵਾਲੇ ਇੱਕ ਫਰਜ਼ੀ ਕਾਲ ਸੈਂਟਰ ਦਾ ਪਰਦਾਫਾਸ਼ ਕੀਤਾ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਖੁਫੀਆ ਸੂਹ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਉਹਨਾਂ ਨੂੰ ਵੱਡੀ ਗਿਣਤੀ ਵਿੱਚ ਫੋਨ ਬਰਾਮਦ ਹੋਏ ਨੇ । BYTE:

---------------------------------------------------------------

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਹੰਡਿਆਇਆ ਬਰਨਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ  ਗਿਆ ।

------------------------------------------------------------------

ਏਸ਼ੀਆ ਕੱਪ Twenty-Twenty ਕ੍ਰਿਕਟ ਟੂਰਨਾਮੈਂਟ ਦੇ Super-4 ਗੇੜ ਦੇ ਦੂਜੇ ਮੈਚ 'ਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ । ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਦੁਬਈ ਵਿੱਚ ਖੇਡਿਆ ਜਾਵੇਗਾ। ਟੂਰਨਾਮੈਂਟ ਵਿੱਚ ਦੋਵਾਂ ਟੀਮਾਂ ਵਿਚਕਾਰ ਇਹ ਦੂਜਾ ਮੁਕਾਬਲਾ ਹੋਵੇਗਾ ।

------------------------------------------------------------------

ਆਨੰਦਕੁਮਾਰ ਵਿਸ਼ਵ ਸਪੀਡ ਸਕੇਟਿੰਗ ਚੈਂਪੀਅਨਸ਼ਿਪ

ਭਾਰਤ ਦੇ ਆਨੰਦ-ਕੁਮਾਰ ਵੇਲ-ਕੁਮਾਰ ਨੇ ਵਿਸ਼ਵ ਸਪੀਡ ਸਕੇਟਿੰਗ ਚੈਂਪੀਅਨਸ਼ਿਪ ਵਿੱਚ ਮਰਦਾਂ ਦੀ 42 ਕਿਲੋਮੀਟਰ ਮੈਰਾਥਨ ਵਿੱਚ ਸੋਨ ਤਮਗਾ ਜਿੱਤ ਕੇ ਇਤਿਹਾਸ ਰਚਿਆ । ਆਨੰਦ ਨੇ ਚੀਨ ਵਿੱਚ ਹੋਈ ਚੈਂਪੀਅਨਸ਼ਿਪ ਵਿੱਚ ਦੋ ਸੋਨੇ ਅਤੇ ਇੱਕ ਕਾਂਸੀ ਦਾ ਤਮਗਾ  ਜਿੱਤਿਆ। ਆਨੰਦ-ਕੁਮਾਰ 1,000 ਮੀਟਰ ਦੌੜ ਵਿੱਚ 1 ਮਿੰਟ 24.92 ਸਕਿੰਟ ਦੇ

ਰਿਕਾਰਡ ਸਮੇਂ ਨਾਲ ਸੋਨ ਤਮਗਾ ਅਤੇ 500 ਮੀਟਰ ਸਪ੍ਰਿੰਟ ਵਿੱਚ ਕਾਂਸੀ ਦਾ ਤਮਗਾ ਜਿੱਤਣ ਤੋਂ ਕੁਝ ਦਿਨ ਬਾਅਦ ਹੀ, ਭਾਰਤ ਦੇ ਪਹਿਲੇ ਸਪੀਡ ਸਕੇਟਿੰਗ ਵਿਸ਼ਵ ਚੈਂਪੀਅਨ ਬਣ ਗਏ ਨੇ । ਇਸ ਇਤਿਹਾਸਕ ਪ੍ਰਦਰਸ਼ਨ ਨਾਲ, ਆਨੰਦਕੁਮਾਰ ਨੇ ਵਿਸ਼ਵ ਨਕਸ਼ੇ 'ਤੇ ਭਾਰਤੀ ਸਪੀਡ ਸਕੇਟਿੰਗ ਨੂੰ ਮਜ਼ਬੂਤੀ ਨਾਲ ਸਥਾਪਿਤ ਕੀਤਾ ਏ ।

-----------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਕਿਹਾ- ਅਗਲੀ ਪੀੜ੍ਹੀ ਦੇ ਜੀ.ਐਸ.ਟੀ ਸੁਧਾਰ ਕੱਲ੍ਹ ਨਰਾਤਿਆਂ ਦੇ ਪਹਿਲੇ ਦਿਨ ਤੋਂ ਲਾਗੂ ਹੋਣਗੇ I

- ਪ੍ਰਧਾਨ ਮੰਤਰੀ ਨੇ ਸੂਖਮ ਲਘੂ ਤੇ ਦਰਮਿਆਨੇ ਉਦਯੋਗਾਂ ਨੂੰ, ਦੇਸ਼ ਦਾ ਮਾਣ ਵਧਾਉਣ ਲਈ ਵਧੀਆ ਗੁਣਵੱਤਾ ਵਾਲੇ ਉਤਪਾਦ ਤਿਆਰ ਕਰਨ ਦੀ ਕੀਤੀ ਅਪੀਲ ।
- 'ਸੇਵਾ ਪੰਦਰਵਾੜੇ' ਤਹਿਤ ਰੂਪਨਗਰ 'ਚ ਮੁਫਤ ਸਿਹਤ ਜਾਂਚ ਕੈਂਪ ਅਤੇ ਫਤਹਿਗੜ੍ਹ ਸਾਹਿਬ ਵਿਚ ਮੈਰਾਥਨ ਦਾ ਆਯੋਜਨ ।
- ਪਿਤ੍ਰ ਪੱਖ ਸ਼ਰਾਧ ਦੇ ਅੰਤ ਅਤੇ ਦੁਰਗਾ ਪੂਜਾ ਤਿਉਹਾਰਾਂ ਦੀ ਸ਼ੁਰੂਆਤ ਨੂੰ ਦਰਸਾਉਂਦਾ ਮਹਾਲਿਆ ਦਾ ਤਿਉਹਾਰ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮਨਾਇਆ ਜਾ ਰਿਹਾ ਏ ।

- ਅੰਮ੍ਰਿਤਸਰ ਪੁਲਿਸ ਨੇ ਲੋਕਾਂ ਨੂੰ ਆਨਲਾਈਨ ਮੋਬਾਈਲ ਵੇਚਣ ਵਾਲੇ ਇੱਕ ਫਰਜ਼ੀ ਕਾਲ ਸੈਂਟਰ ਦਾ ਪਰਦਾਫਾਸ਼ ਕਰਦਿਆਂ 80 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ I ਅਤੇ
- ਏਸ਼ੀਆ ਕੱਪ ਟਵੈਂਟੀ-ਟਵੈਂਟੀ ਕ੍ਰਿਕਟ ਟੂਰਨਾਮੈਂਟ ਦੇ Super-4 ਗੇੜ ਦੇ ਦੂਜੇ ਮੈਚ 'ਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ - ਮੈਚ ਰਾਤ 8 ਵਜੇ ਖੇਡਿਆ ਜਾਵੇਗਾ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ!**